# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :02-12-2025**

ਸਰਕਾਰ ਨੇ ਪਿਛਲੇ ਚਾਰ ਸਾਲਾਂ ਵਿੱਚ ਦਿਹਾਤੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਸਹਿਕਾਰੀ ਖੇਤਰ ਵਿੱਚ ਕਈ ਕ੍ਰਾਂਤੀਕਾਰੀ ਕਦਮ ਚੁੱਕੇ ਨੇ. ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਜ਼ਿਮਨੀ ਸੁਆਲਾਂ ਦੇ ਜਵਾਬ ਦਿੰਦਿਆਂ, ਸਹਿਕਾਰਤਾ ਰਾਜ ਮੰਤਰੀ ਮੁਰਲੀਧਰ ਮੋਹੋਲ ਨੇ ਕਿਹਾ ਕਿ, ਮੋਦੀ ਸਰਕਾਰ ਨੇ ਦੇਸ਼ ਵਿੱਚ ਸਹਿਕਾਰੀ ਸਭਾਵਾਂ ਨੂੰ ਮਜ਼ਬੂਤ ਕਰਨ ਲਈ ਸਹਿਕਾਰਤਾ ਮੰਤਰਾਲੇ ਦੀ ਸਥਾਪਨਾ ਕੀਤੀ ਏ। ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ ਅੱਠ ਲੱਖ ਸਹਿਕਾਰੀ ਸਭਾਵਾਂ ਨੇ, ਅਤੇ ਕਰੀਬ 30 ਕਰੋੜ ਲੋਕ ਸਿੱਧੇ ਤੌਰ 'ਤੇ ਇਨ੍ਹਾਂ ਸਭਾਵਾਂ ਨਾਲ ਮੈਂਬਰ ਵਜੋਂ ਜੁੜੇ ਹੋਏ ਨੇ. ਸ੍ਰੀ ਮੋਹੋਲ ਨੇ ਕਿਹਾ ਕਿ ਅੱਜ ਦੇਸ਼ ਦੀ 50 ਫੀਸਦੀ ਆਬਾਦੀ ਸਹਿਕਾਰੀ ਸਭਾਵਾਂ ਨਾਲ ਜੁੜੀ ਹੋਈ ਏ .

---

ਸਰਕਾਰ ਨੇ ਮੋਬਾਈਲ ਹੈਂਡਸੈੱਟਾਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਮੋਬਾਈਲ ਫੋਨਾਂ 'ਤੇ ਸੰਚਾਰ ਸਾਥੀ ਐਪ ਨੂੰ ਪਹਿਲਾਂ

ਤੋਂ INSTALL ਕਰਨ ਦੇ ਨਿਰਦੇਸ਼ ਜਾਰੀ ਕੀਤੇ ਨੇ. ਨਾਗਰਿਕਾਂ ਨੂੰ ਨਕਲੀ ਹੈਂਡਸੈੱਟ ਖਰੀਦਣ ਤੋਂ ਰੋਕਣ, ਦੂਰਸੰਚਾਰ ਵਸੀਲਿਆਂ ਦੀ ਸ਼ੱਕੀ ਦੁਰਵਰਤੋਂ ਬਾਰੇ ਸੂਚਿਤ ਕਰਨ ਨੂੰ ਆਸਾਨ ਬਣਾਉਣ ਅਤੇ ਸੰਚਾਰ ਸਾਥੀ ਪਹਿਲਕਦਮੀ ਦੀ ਪ੍ਰਭਾਵਸ਼ੀਲਤਾ ਨੂੰ ਵਧਾਉਣ ਲਈ, ਦੂਰਸੰਚਾਰ ਵਿਭਾਗ ਨੇ ਮੋਬਾਈਲ ਹੈਂਡਸੈੱਟ ਨਿਰਮਾਤਾਵਾਂ ਅਤੇ ਦਰਾਮਦਕਾਰਾਂ ਨੂੰ ਭਾਰਤ ਵਿੱਚ ਵਰਤੋਂ ਲਈ ਬਣਾਏ ਜਾਂ ਦਰਾਮਦ ਕੀਤੇ ਗਏ ਸਾਰੇ ਮੋਬਾਈਲ ਹੈਂਡਸੈੱਟਾਂ 'ਤੇ ਸੰਚਾਰ ਸਾਥੀ ਮੋਬਾਈਲ ਐਪਲੀਕੇਸ਼ਨ ਨੂੰ ਪਹਿਲਾਂ ਤੋਂ INSTALL ਕਰਨ ਦੇ ਨਿਰਦੇਸ਼ ਦਿੱਤੇ ਨੇ. ਵਿਭਾਗ ਨੇ ਕਿਹਾ ਕਿ ਪਹਿਲਾਂ ਤੋਂ INSTALL ਸੰਚਾਰ ਸਾਥੀ ਐਪਲੀਕੇਸ਼ਨ ਪਹਿਲੀ ਵਰਤੋਂ ਜਾਂ ਡਿਵਾਈਸ ਸੈੱਟਅੱਪ 'ਤੇ ਅੰਤਮ ਵਰਤੋਂਕਾਰਾਂ ਲਈ ਆਸਾਨੀ ਨਾਲ ਦਿਖਾਈ ਦੇਣ ਵਾਲੀ ਅਤੇ ਪਹੁੰਚਯੋਗ ਹੋਣੀ ਚਾਹੀਦੀ ਏ । ਵਿਭਾਗ ਨੇ ਨਿਰਮਾਤਾਵਾਂ ਨੂੰ 90 ਦਿਨਾਂ ਦੇ ਅੰਦਰ ਲਾਗੂਕਰਨ ਨੂੰ ਪੂਰਾ ਕਰਨ ਅਤੇ 120 ਦਿਨਾਂ ਦੇ ਅੰਦਰ ਇੱਕ ਰਿਪੋਰਟ ਜਮ੍ਹਾਂ ਕਰਨ ਲਈ ਕਿਹਾ ਏ ।

---

ਜ਼ਿਲ੍ਹਾ ਜਲੰਧਰ ਵਿੱਚ ਅਨਾਥ ਅਤੇ ਬੇਸਹਾਰਾ ਬੱਚਿਆਂ ਲਈ ਚੱਲ ਰਹੇ ਬਾਲ ਘਰਾਂ ਦੀ ਨਾਬਾਲਿਗਾ ਲਈ ਨਿਆਂ, (ਬਚਿਆਂ ਦੀ ਸੰਭਾਲ ਤੇ ਸੁਰਖਿਆ) ਬਾਰੇ ਐਕਟ 2015 ਤਰਮੀਮ 2021 ਤਹਿਤ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਏ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੋਈ ਵੀ ਬਾਲ ਘਰ, ਜੋ ਨਵਜੰਮੇ ਬਚਿਆਂ ਤੋਂ ਲਈ ਕੇ 18 ਸਾਲ ਤਕ ਦੀ ਉਮਰ ਦੇ ਅਨਾਥ, ਬੇਸਹਾਰਾ ਜਾਂ ਦਿਵਿਆਂਗ ਬੱਚਿਆਂ ਲਈ ਕੰਮ ਕਰ ਰਹੇ ਨੇ ਅਤੇ ਰਜਿਸਟਰ ਨਹੀਂ ਨੇ, ਦੇ ਮੁਖੀ ’ਤੇ ਵਿਭਾਗ ਵੱਲੋਂ ਢੁਕਵੀਂ ਕਾਰਵਾਈ ਕੀਤੀ ਜਾਏਗੀ. ਇਸ ਵਿੱਚ ਇਕ ਸਾਲ ਦੀ ਸਜ਼ਾ ਜਾਂ ਇਕ ਲੱਖ ਰੁਪਏ ਜੁਰਮਾਨਾ ਜਾਂ ਦੋਵੇਂ ਹੋ ਸਕਦੇ ਨੇ. ਉਨ੍ਹਾਂ ਦੱਸਿਆ ਕਿ ਕੋਈ ਵੀ ਗੈਰ ਸਰਕਾਰੀ ਸੰਸਥਾ, ਜਿਸ ਵਿੱਚ ਨਵਜੰਮੇ ਬਚਿਆਂ ਤੋਂ ਲਈ ਕੇ 18 ਸਾਲ ਤਕ ਦੀ ਉਮਰ ਦੇ ਅਨਾਥ, ਬੇਸਹਾਰਾ ਜਾਂ ਦਿਵਿਆਂਗ ਬੱਚਿਆਂ ਦੇ ਰਹਿਣ, ਖਾਣ-ਪੀਣ ਅਤੇ ਦੇਖ਼ਭਾਲ ਦੀ

ਸਹੂਲਤ ਮੁਹੱਈਆ ਕਰਵਾਈ ਜਾਂਦੀ ਏ, ਦਾ ਰਜਿਸਟਰਡ ਹੋਣਾ ਲਾਜ਼ਮੀ ਏ।

---------------------------------------------------------------

ਜਲੰਧਰ ਕੈਂਟ ਵੱਲੋਂ ਸਾਬਕਾ ਫੌਜੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਸਪਰਸ਼ ਆਊਟਰੀਚ ਪ੍ਰੋਗਰਾਮ 4 ਦਸੰਬਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਵਜਰਾ ਸੈਨਿਕ ਇੰਸਟੀਚਿਊਟ, ਜਲੰਧਰ ਕੈਂਟ ਵਿਖੇ ਕਰਵਾਇਆ ਜਾ ਰਿਹਾ ਏ।ਜਲੰਧਰ, ਦੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਸਿੰਘ ਵਿਰਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਸਪਰਸ਼ ਰਾਹੀਂ ਪੈਨਸ਼ਨਰਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾਵੇਗੀ ਅਤੇ ਡਿਜ਼ੀਟਲ ਲਾਈਫ ਸਰਟੀਫਿਕੇਟ ਅਪਲੋਡ ਕਰਨ ਬਾਰੇ ਡੈਮੋ ਵੀ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਪੈਨਸ਼ਨ ਨਾਲ ਸਬੰਧਤ ਹਰ ਤਰ੍ਹਾਂ ਦੀਆਂ ਮੁਸ਼ਕਲਾਂ ਮੌਕੇ ‘ਤੇ ਹੀ ਹੱਲ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਪੈਨਸ਼ਨਰ ਸਾਬਕਾ ਫੌਜੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਵਜਰਾ ਸੈਨਿਕ ਇੰਸਟੀਚਿਊਟ

ਵਿਖੇ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਲਾਈਫ ਸਰਟੀਫਿਕੇਟ ਅਪਲੋਡ ਕਰਵਾਉਣ ਅਤੇ ਪੈਨਸ਼ਨ ਨਾਲ ਸਬੰਧਤ ਆਪਣੀਆਂ ਮੁਸ਼ਕਲਾਂ ਹੱਲ ਕਰਵਾਉਣ ਲਈ ਆਧਾਰ ਕਾਰਡ, ਡਿਸਚਾਰਜ ਬੁੱਕ, ਪੈਨ ਕਾਰਡ, ਮੋਬਾਈਲ ਤੇ ਪੀ.ਪੀ.ਓ. ਆਪਣੇ ਨਾਲ ਲੈ ਕੇ ਆਉਣ.

---

ਚੰਡੀਗੜ੍ਹ ਦੇ ਸੰਗਮ ਆਡੀਟੋਰੀਅਮ, ਵਿਖੇ ਹੋਈ ਪੀਐੱਮ ਸੂਰਯ ਘਰ: ਮੁਫ਼ਤ ਬਿਜਲੀ ਯੋਜਨਾ ਦੀ ਸਟੇਕਹੋਲਡਰਸ ਮੀਟ ਵਿੱਚ ਸ਼ਹਿਰ ਦੇ ਨਿਵਾਸੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ. ਇਸ ਬੈਠਕ ਵਿੱਚ 80 ਤੋਂ ਵਧ RWA ਮੈਂਬਰ ਸ਼ਾਮਲ ਹੋਏ। ਸ਼ਹਿਰ ਦੀਆਂ ਦੋ ਪ੍ਰਮੁੱਖ ਆਰਡਬਲਿਊਏ ਫੈਡਰੇਸ਼ਨਾਂ - ਫੋਸਵੈਕ ਅਤੇ ਕਰਾਅਫੈੱਡ ਦੇ ਅਹੁਦੇਦਾਰਾਂ ਨੇ ਵੀ ਸਰਗਰਮੀ ਨਾਲ ਹਿੱਸਾ ਲਿਆ । ਇਹ ਮੰਚ, ਜਨਤਕ ਚਿੰਤਾਵਾਂ ਨੂੰ ਸਾਹਮਣੇ ਰੱਖਣ, ਹਿਤਧਾਰਕਾਂ ਦਰਮਿਆਨ ਤਾਲਮੇਲ ਵਧਾਉਣ ਅਤੇ ਯੋਜਨਾ ਦੇ ਲਾਭਾਂ ਦੇ ਵਿਆਪਕ ਪ੍ਰਸਾਰ ਦਾ ਇੱਕ ਮਹੱਤਵਪੂਰਨ ਮਾਧਿਅਮ ਬਣਿਆ।

ਪ੍ਰੋਗਰਾਮ 'ਚ  ਸਕੀਮ ਦੀਆਂ ਵਿਸ਼ੇਸ਼ਤਾਵਾਂ ਅਤੇ ਲਾਭਾਂ ਬਾਰੇ ਵੇਰਵੇ ਸਹਿਤ ਪੇਸ਼ਕਾਰੀਆਂ ਕੀਤੀਆਂ ਗਈਆਂ।

-------------------------------------------------------------

BHARTI ਮੌਸਮ ਵਿਭਾਗ (IMD) ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਦੇ ਕੁਝ ਹਿੱਸਿਆਂ ਵਿੱਚ ਠੰਢ ਦੀ ਸਥਿਤੀ ਦੀ ਪੇਸ਼ੀਨਗੋਈ ਕੀਤੀ ਏ. ਮੌਸਮ ਏਜੰਸੀ ਨੇ ਹਿਮਾਚਲ ਪ੍ਰਦੇਸ਼ ਵਿੱਚ ਧੁੰਦ ਰਹਿਣ ਦੀ ਵੀ ਸੰਭਾਵਨਾ ਜਤਾਈ ਏ.  ਇਸ ਦੌਰਾਨ, ਦਿੱਲੀ-ਐਨਸੀਆਰ ਵਿੱਚ ਹਵਾ ਦੀ ਗੁਣਵੱਤਾ ਬੇਹਦ ਮਾੜੀ ਸ਼੍ਰੇਣੀ ਵਿੱਚ ਏ।

-------------------------------------------------------------

ਭਾਰਤ ਨੇ ਕੱਲ੍ਹ ਔਰਤਾਂ ਦੇ ਹਾਕੀ ਜੂਨੀਅਰ ਵਿਸ਼ਵ ਕੱਪ ਵਿੱਚ ਨਾਮੀਬੀਆ ਨੂੰ 13-0 ਨਾਲ ਹਰਾਇਆ। ਹਿਨਾ ਬਾਨੋ ਅਤੇ ਕਨਿਕਾ ਸਿਵਾਚ ਨੇ ਹੈਟ੍ਰਿਕ ਲਾਈਆਂ, ਅਤੇ ਸਾਕਸ਼ੀ ਰਾਣਾ ਨੇ ਦੋ ਗੋਲ ਕੀਤੇ। ਬਿਨੀਮਾ ਧਨ, ਸੋਨਮ, ਸਾਕਸ਼ੀ ਸ਼ੁਕਲਾ, ਇਸ਼ੀਕਾ ਅਤੇ ਮਨੀਸ਼ਾ ਨੇ ਵੀ ਇੱਕ-ਇੱਕ ਗੋਲ ਕੀਤਾ। ਭਾਰਤ ਦਾ ਸ਼ੁੱਕਰਵਾਰ ਨੂੰ ਆਇਰਲੈਂਡ ਨਾਲ ਮੁਕਾਬਲਾ ਹੋਏਗਾ.